# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 06-06-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਜੰਮੂ-ਕਸ਼ਮੀਰ ਵਿੱਚ, ਊਧਮਪੁਰ-ਸ਼੍ਰੀਨਗਰ-ਬਾਰਾਮੂਲਾ ਰੇਲ ਸੰਪਰਕ ਦੇ ਹਿੱਸੇ ਵਜੋਂ, ਦੁਨੀਆ ਦੇ ਸਭ ਤੋਂ ਉੱਚੇ ਰੇਲਵੇ ਆਰਚ ਪੁਲ - ਚਨਾਬ ਪੁਲ ਦਾ ਕੀਤਾ ਉਦਘਾਟਨ।
- ਭਾਰਤੀ ਰਿਜ਼ਰਵ ਬੈਂਕ ਵਲੋਂ, ਰੈਪੋ ਰੇਟ ਵਿਚ ਕਮੀ ਕਰਨ ਨਾਲ, ਬੈਂਕਾਂ ਵਲੋਂ ਆਪਣੀਆਂ ਕਰਜ਼ ਦਰਾਂ ਘੱਟ ਕਰਨ ਦੀ ਉਮੀਦ।
- ਰਾਜ ਸਭਾ ਮੈਂਬਰ ਅਤੇ ਉੱਘੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਅੱਜ ਜਲੰਧਰ ਵਿਚ  ਕਾਲਾ ਸੰਘਿਆ ਡਰੇਨ ਨੂੰ ਪ੍ਰਦੂਸ਼ਿਤ ਕਰਨ ਵਾਲਿਆਂ ਖਿਲਾਫ਼ ਸਖ਼ਤ ਕਾਰਵਾਈ ਕਰਨ ਦੇ ਦਿੱਤੇ ਨਿਰਦੇਸ਼ ।

- NEET-PG 2025 ਦੀਆਂ ਪ੍ਰੀਖਿਆਵਾਂ 3 ਅਗਸਤ ਨੂੰ ਇੱਕੋ ਸ਼ਿਫਟ ਵਿੱਚ ਹੋਣਗੀਆਂ।
- ਮਾਲੀਆ ਖੁਫੀਆ ਡਾਇਰੈਕਟੋਰੇਟ ਦੀ ਲੁਧਿਆਣਾ ਜ਼ੋਨਲ ਇਕਾਈ ਨੇ ਸਾਹਨੇਵਾਲ ਵਿਚ ਇੱਕ ਲਾਵਾਰਿਸ ਕਾਰ ਵਿੱਚੋਂ 31 ਕਿਲੋਗ੍ਰਾਮ ਤੋਂ ਵੱਧ ਗਾਂਜਾ ਕੀਤਾ ਜ਼ਬਤ ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਕਈ ਮਹੱਤਵਪੂਰਨ ਪ੍ਰੋਜੈਕਟਾਂ ਦਾ ਉਦਘਾਟਨ ਜੰਮੂ-ਕਸ਼ਮੀਰ ਦੀ ਵਿਕਾਸ ਯਾਤਰਾ ਵਿੱਚ ਇੱਕ ਮਹੱਤਵਪੂਰਨ ਕਦਮ ਏ । ਉਦਘਾਟਨ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਅਤਿ-ਆਧੁਨਿਕ ਚਨਾਬ ਪੁਲ ਜੰਮੂ ਅਤੇ ਸ਼੍ਰੀਨਗਰ ਵਿਚਕਾਰ ਸੰਪਰਕ ਨੂੰ ਬਿਹਤਰ ਬਣਾਏਗਾ ।

**BYTE:**

ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਦਹਿਸ਼ਤਗਰਦੀ ਅੱਗੇ ਨਹੀਂ ਝੁਕੇਗਾ । ਸ਼੍ਰੀ ਮੋਦੀ ਨੇ ਇਹ ਵੀ ਕਿਹਾ ਕਿ ਆਪ੍ਰੇਸ਼ਨ ਸਿੰਦੂਰ ਤੋਂ ਬਾਅਦ, ਦੁਨੀਆ ਭਾਰਤ ਦੇ ਰੱਖਿਆ ਵਾਤਾਵਰਣ ਅਤੇ ਸਵੈ-ਨਿਰਭਰਤਾ ਬਾਰੇ ਚਰਚਾ

ਕਰ ਰਹੀ ਏ । ਸ਼੍ਰੀ ਮੋਦੀ ਨੇ ਲੋਕਾਂ ਨੂੰ ਭਾਰਤ ਵਿੱਚ ਬਣੇ ਸਮਾਨ ਨੂੰ ਤਰਜੀਹ ਦੇਣ ਦਾ ਪ੍ਰਣ ਲੈਣ ਦੀ ਅਪੀਲ ਕੀਤੀ।

---------------------------------------------------------

ਭਾਰਤੀ ਰਿਜ਼ਰਵ ਬੈਂਕ ਨੇ ਰੈਪੋ ਰੇਟ ਵਿੱਚ 50 ਆਧਾਰ ਅੰਕਾ ਦੀ ਕਟੌਤੀ ਕਰ ਦਿੱਤੀ ਏ । ਇਸ ਕਟੌਤੀ ਤੋਂ ਬਾਅਦ, ਰੈਪੋ ਰੇਟ 6 ਫੀਸਦੀ ਤੋਂ ਘੱਟ ਕੇ 5.5 ਫੀਸਦੀ ਹੋ ਗਈ ਏ । ਇਹ ਫੈਸਲਾ ਅੱਜ ਹੋਈ ਆਰ.ਬੀ.ਆਈ ਦੀ ਮੁਦਰਾ ਨੀਤੀ ਕਮੇਟੀ ਦੀ ਤਿੰਨ ਦਿਨਾਂ ਮੀਟਿੰਗ ਵਿੱਚ ਲਿਆ ਗਿਆ। ਇਸ ਫੈਸਲੇ ਬਾਰੇ ਜਾਣਕਾਰੀ ਦਿੰਦੇ ਹੋਏ, ਬੈਂਕ ਦੇ ਗਵਰਨਰ ਸੰਜੇ ਮਲਹੋਤਰਾ ਨੇ ਕਿਹਾ ਕਿ ਇਸ ਕਟੌਤੀ ਤੋਂ ਬਾਅਦ, ਬੈਂਕ ਆਪਣੀਆਂ ਉਧਾਰ ਦਰਾਂ ਵੀ ਘਟਾ ਸਕਦੇ ਹਨ। ਸੀਮਾਂਤ ਸਥਾਈ ਸਹੂਲਤ ਅਤੇ ਬੈਂਕ ਦਰ 5.75 ਫੀਸਦੀ ਕਰ ਦਿੱਤੀ ਗਈ ਏ ।

---------------------------------------------------------

ਰਾਜ ਸਭਾ ਮੈਂਬਰ ਅਤੇ ਉੱਘੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਅੱਜ ਜਲੰਧਰ ਵਿਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਕਾਲਾ ਸੰਘਿਆ ਡਰੇਨ ਨੂੰ ਪ੍ਰਦੂਸ਼ਿਤ ਕਰਨ ਵਾਲਿਆਂ ਖਿਲਾਫ਼ ਸਖ਼ਤ

ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਡਰੇਨ ਨੂੰ ਪ੍ਰਦੂਸ਼ਣ ਮੁਕਤ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਸਬੰਧੀ, ਇੱਕ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ, ਸੰਤ ਸੀਚੇਵਾਲ ਨੇ ਨਗਰ ਨਿਗਮ ਜਲੰਧਰ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਸੀਵਰੇਜ ਬੋਰਡ ਦੇ ਅਧਿਕਾਰੀਆਂ ਨੂੰ ਡਰੇਨ ਵਿੱਚ ਸੀਵਰੇਜ ਵੇਸਟ ਦੇ ਸਿੱਧੇ ਪ੍ਰਵਾਹ ਨੂੰ ਰੋਕਣ ਲਈ ਤਾਲਮੇਲ ਵਾਲੀ ਰਣਨੀਤੀ ਅਪਣਾਉਣ ਦੀ ਅਪੀਲ ਕੀਤੀ। ਰਾਜ ਸਭਾ ਮੈਂਬਰ ਨੇ ਜ਼ੋਰ ਦਿੰਦਿਆਂ ਕਿਹਾ ਕਿ ਡਰੇਨ ਨੂੰ ਪ੍ਰਦੂਸ਼ਿਤ ਕਰਦੇ ਪਾਏ ਜਾਣ ’ਤੇ ਵਿਅਕਤੀਆਂ ਜਾਂ ਉਦਯੋਗਾਂ ਖਿਲਾਫ ਮਾਮਲਾ ਦਰਜ ਕੀਤਾ ਜਾਣਾ ਚਾਹੀਦਾ ਏ ਅਤੇ ਨਾਲ ਹੀ ਨਿਯਮਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਨਿਯਮਿਤ ਨਿਰੀਖਣ ਕੀਤੇ ਜਾਣੇ ਚਾਹੀਦੇ ਨੇ । ਉਦਯੋਗਿਕ ਇਕਾਈਆਂ ਦੀ ਸਖ਼ਤ ਨਿਗਰਾਨੀ ਦੀ ਲੋੜ 'ਤੇ ਜ਼ੋਰ ਦਿੰਦਿਆਂ, ਸੰਤ ਸੀਚੇਵਾਲ ਨੇ ਅਧਿਕਾਰੀਆਂ ਨੂੰ ਉਦਯੋਗਿਕ ਨਿਕਾਸੀ ਪੁਆਇੰਟਾਂ ਦੀ ਨਿਗਰਾਨੀ ਕਰਨ ਅਤੇ ਪ੍ਰਦੂਸ਼ਣ ਕੰਟਰੋਲ ਦਿਸ਼ਾ-ਨਿਰਦੇਸ਼ਾਂ ਦੀ ਉਲੰਘਣਾ ਕਰਨ ਵਾਲਿਆਂ ਨੂੰ ਸਜ਼ਾ ਦੇਣ ਦੇ ਨਿਰਦੇਸ਼ ਦਿੱਤੇ । ਇੱਕ ਮਹੱਤਵਪੂਰਣ ਕਦਮ ਚੁੱਕਦਿਆਂ ਉਨ੍ਹਾਂ ਨੇ ਜਮਸ਼ੇਰ ਡੇਅਰੀ

ਕੰਪਲੈਕਸ ਵਿਚ ਵਾਟਰ ਟ੍ਰੀਟਮੈਂਟ ਪਲਾਂਟ ਚਲਾਉਣ ਲਈ ਵੀ ਕਿਹਾ ਤਾਂ ਜੋ ਡੇਅਰੀਆਂ ਤੋਂ ਸਿਰਫ਼ ਸੋਧਿਆ ਪਾਣੀ ਹੀ ਡਰੇਨ ਵਿੱਚ ਜਾਣ ਨੂੰ ਇਹ ਯਕੀਨੀ ਬਣਾਇਆ ਜਾ ਸਕੇ।

---------------------------------------------------------------

ਸਰਵਉੱਚ ਅਦਾਲਤ ਨੇ ਕੌਮੀ ਪ੍ਰੀਖਿਆ ਬੋਰਡ ਨੂੰ, NEET-PG 2025 ਦੀ ਪ੍ਰੀਖਿਆ 3 ਅਗਸਤ ਨੂੰ ਇੱਕੋ ਸ਼ਿਫਟ ਵਿੱਚ ਕਰਵਾਉਣ ਦੀ ਇਜਾਜ਼ਤ ਦੇ ਦਿੱਤੀ ਏ। ਪਹਿਲਾਂ ਇਹ ਪ੍ਰੀਖਿਆ 15 ਜੂਨ ਨੂੰ ਹੋਣੀ ਸੀ, ਪਰ ਬੋਰਡ ਨੇ ਪ੍ਰੀਖਿਆ ਕਰਵਾਉਣ ਲਈ ਦੋ ਮਹੀਨਿਆਂ ਤੋਂ ਵੱਧ ਸਮਾਂ ਮੰਗਿਆ ਸੀ।
ਸਰਵਉੱਚ ਅਦਾਲਤ ਨੇ ਸਪੱਸ਼ਟ ਕੀਤਾ ਏ ਕਿ ਇਸ ਤੋਂ ਬਾਅਦ ਬੋਰਡ ਨੂੰ, NEET-PG 2025 ਦੀ ਪ੍ਰੀਖਿਆ ਕਰਵਾਉਣ ਲਈ ਹੋਰ ਸਮਾਂ ਨਹੀਂ ਦਿੱਤਾ ਜਾਵੇਗਾ।

---------------------------------------------------------------

ਭਾਰਤ ਵਿੱਚ, ਸੇਵਾ, ਸੁਸ਼ਾਸਨ ਅਤੇ ਗਰੀਬ ਕਲਿਆਣ ਦੇ ਸਿਧਾਂਤਾਂ ਸਦਕਾ, ਇੱਕ ਦਹਾਕੇ ਵਿੱਚ ਸ਼ਾਨਦਾਰ ਤਬਦੀਲੀ ਆਈ ਏ ।

ਆਕਾਸ਼ਵਾਣੀ ਖਬਰਾਂ ਵਲੋਂ ਪਿਛਲੇ 11 ਸਾਲਾਂ ਵਿੱਚ ਮੁੱਖ ਖੇਤਰਾਂ ਵਿੱਚ ਸਰਕਾਰ ਦੇ ਉਪਰਾਲਿਆਂ ਬਾਰੇ ਇੱਕ ਵਿਸ਼ੇਸ਼ ਲੜੀ ਪੇਸ਼ ਕੀਤੀ ਜਾ ਰਹੀ ਏ। ਅੱਜ, ਅਸੀਂ ਸੱਭਿਆਚਾਰਕ ਵਿਰਾਸਤ ਸੰਭਾਲ 'ਤੇ ਧਿਆਨ ਕੇਂਦਰਿਤ ਕਰਦੇ ਹਾਂ - ਜੋ ਭਾਰਤ ਦੇ ਸੱਭਿਆਚਾਰਕ ਮਾਣ ਨੂੰ ਸੁਰਜੀਤ ਕਰਨ ਦੀ ਇੱਕ ਕੁੰਜੀ ਏ ।

**ਪੇਸ਼ ਏ ਇੱਕ ਰਿਪੋਰਟ--ਪਿਛਲੇ ਦਹਾਕੇ ਦੌਰਾਨ, ਭਾਰਤ ਦੇ ਸੱਭਿਆਚਾਰਕ ਪੁਨਰ-ਉਥਾਨ ਤਹਿਤ ਅਮੀਰ ਵਿਰਾਸਤ, ਹੋਰ ਵਧੀ ਫੁੱਲੀ ਏ। ਸਰਕਾਰ ਨੇ ਭਾਰਤ ਦੇ ਅਸਲ ਰਾਸ਼ਟਰ ਨਿਰਮਾਤਾਵਾਂ ਨੂੰ ਸਨਮਾਨ ਦੇਣ ਅਤੇ ਉਨ੍ਹਾਂ ਦੀ ਵਿਰਾਸਤ ਨੂੰ ਰਾਜਨੀਤਿਕ ਲੀਹਾਂ ਤੋਂ ਪਰੇ ਹੱਟ ਕੇ ਸੰਭਾਲਣ ਲਈ, ਕਈ ਮਹੱਤਵਪੂਰਨ ਕਦਮ ਚੁੱਕੇ ਨੇ। ਆਜ਼ਾਦੀ ਦੇ 75 ਸਾਲਾਂ ਨੂੰ ਮਨਾਉਣ ਵਾਲੇ "ਆਜ਼ਾਦੀ ਕਾ ਅੰਮ੍ਰਿਤ ਮਹੋਤਸਵ" ਵਰਗੀਆਂ ਪਹਿਲਕਦਮੀਆਂ ਨੇ ਦੇਸ਼ ਭਰ ਵਿੱਚ ਸੱਭਿਆਚਾਰਕ ਅਤੇ ਦੇਸ਼ਭਗਤੀ ਸਮਾਗਮਾਂ ਰਾਹੀਂ, ਦੇਸ਼ ਦੀਆਂ ਕੁਰਬਾਨੀਆਂ ਅਤੇ ਪ੍ਰਾਪਤੀਆਂ ਦਾ ਜਸ਼ਨ ਮਨਾਇਆ। ਪ੍ਰਧਾਨ ਮੰਤਰੀ ਸੰਗ੍ਰਹਾਲਯ, ਰਾਸ਼ਟਰੀ ਪੁਲਿਸ ਸਮਾਰਕ, ਕਬਾਇਲੀ ਆਜ਼ਾਦੀ ਘੁਲਾਟੀਏ ਅਜਾਇਬ ਘਰ, ਭਾਰਤ ਮੰਡਪਮ ਅਤੇ ਨਵੀਂ ਸੰਸਦ ਇਮਾਰਤ ਸਮੇਤ ਲੰਬੇ ਸਮੇਂ ਤੋਂ ਬਕਾਇਆ ਪਈਆਂ ਯਾਦਗਾਰਾਂ ਹੁਣ ਰਾਸ਼ਟਰੀ ਏਕਤਾ ਦੇ ਮਾਣ ਦਾ ਪ੍ਰਤੀਕ ਨੇ। "ਏਕ ਭਾਰਤ, ਸ੍ਰੇਸ਼ਠ ਭਾਰਤ" ਪਹਿਲਕਦਮੀ ਤਹਿਤ, ਕਾਸ਼ੀ ਤਾਮਿਲ ਸੰਗਮ ਅਤੇ ਮਹਾਂਕੁੰਭ 2025 ਵਰਗੇ ਸਮਾਗਮਾਂ ਨੇ ਭਿੰਨਤਾ ਵਿੱਚ ਏਕਤਾ ਦਾ ਜਸ਼ਨ ਮਨਾਇਆ। ਇਸ ਦੌਰਾਨ, ਬੋਧੀ ਸੰਮੇਲਨ ਅਤੇ ਸਿੱਖ ਗੁਰੂਆਂ ਦੇ ਪ੍ਰਕਾਸ਼ ਪੂਰਬ ਵਰਗੇ ਆਲਮੀ**

**<u>ਸਮਾਗਮਾਂ ਨੇ ਭਾਰਤ ਦੀ ਅਧਿਆਤਮਿਕ ਵਿਰਾਸਤ ਨੂੰ ਹੋਰ ਵੀ ਮਜ਼ਬੂਤ ਕੀਤਾ। 23 ਕਰੋੜ ਤੋਂ ਵੱਧ ਲੋਕਾਂ ਦੀ ਹਿੱਸੇਦਾਰੀ ਅਤੇ 2024 ਵਿੱਚ ਨਵੇਂ ਵਿਸ਼ਵ ਰਿਕਾਰਡਾਂ ਦੇ ਨਾਲ, ਯੋਗਾ ਇੱਕ ਵਿਸ਼ਵਵਿਆਪੀ ਲਹਿਰ ਬਣ ਗਿਆ ਏ। ਇਸ ਤੋਂ ਇਲਾਵਾ, ਵਰਲਡ ਆਡੀਓ ਵਿਜ਼ੂਅਲ ਐਂਟਰਟੇਨਮੈਂਟ ਸਮਿਟ (WAVES) ਵਰਗੇ events ਆਲਮੀ ਪੱਧਰ 'ਤੇ ਭਾਰਤ ਦੇ ਮੀਡੀਆ ਅਤੇ ਮਨੋਰੰਜਨ ਹੁਨਰਾਂ ਦਾ ਵਿਖਾਲਾ ਕਰ ਰਹੇ ਨੇ। ਤਿਉਹਾਰਾਂ ਅਤੇ ਯੋਗਾ ਤੋਂ ਲੈ ਕੇ ਸੰਗੀਤ ਅਤੇ ਕਲਾ ਤੱਕ, ਸਾਡਾ ਸੱਭਿਆਚਾਰ ਹੁਣ ਬਹੁਤ ਸਾਰੇ ਦੇਸ਼ਾਂ ਵਿੱਚ ਦੇਖਿਆ ਅਤੇ ਸਤਿਕਾਰਿਆ ਜਾ ਰਿਹਾ ਏ। ਅੱਜ, ਭਾਰਤ ਦਾ ਅਮੀਰ ਸੱਭਿਆਚਾਰ ਸਿਰਫ ਆਪਣੇ ਦੇਸ਼ ਵਿੱਚ ਹੀ ਨਹੀਂ, ਸਗੋਂ ਪੂਰੀ ਦੁਨੀਆ ਵਿੱਚ ਰੌਸ਼ਨੀ ਫੈਲਾ ਰਿਹਾ ਏ। ਬਿਊਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ</u>**

------------------------------------------------------------

ਚੋਣ ਕਮਿਸ਼ਨ ਨੇ, ਨਵੀਂ ਦਿੱਲੀ ਸਥਿਤ ਭਾਰਤੀ ਕੌਮਾਂਤਰੀ ਲੋਕਰਾਜ ਅਤੇ ਚੋਣ ਪ੍ਰਬੰਧਨ ਸੰਸਥਾਨ ਵਿਖੇ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੀਡੀਆ ਨੋਡਲ ਅਧਿਕਾਰੀਆਂ ਅਤੇ ਸੋਸ਼ਲ ਮੀਡੀਆ ਨੋਡਲ ਅਧਿਕਾਰੀਆਂ ਲਈ ਇੱਕ ਰੋਜ਼ਾ ਓਰੀਐਂਟੇਸ਼ਨ ਪ੍ਰੋਗਰਾਮ ਦਾ ਆਯੋਜਨ ਕੀਤਾ । ਸਿਖਲਾਈ ਪ੍ਰੋਗਰਾਮ ਦਾ ਉਦੇਸ਼, ਚੋਣ ਅਧਿਕਾਰੀਆਂ ਦੇ ਮੀਡੀਆ ਨਾਲ ਬਿਹਤਰ ਤਾਲਮੇਲ, ਸੋਸ਼ਲ ਮੀਡੀਆ ਦੀ ਸਹੀ ਵਰਤੋਂ

ਅਤੇ ਚੋਣ ਕਮਿਸ਼ਨ ਦੀਆਂ ਪਹਿਲ-ਕਦਮੀਆਂ ਨੂੰ ਹਰੇਕ ਵੋਟਰ ਤੱਕ ਪਹੁੰਚਾਉਣ ਲਈ ਅਰਥਪੂਰਨ ਰਣਨੀਤੀਆਂ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਸੀ। ਦੇਸ਼ ਭਰ ਤੋਂ 28 ਸੂਬਿਆਂ ਅਤੇ 8 ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੀਡੀਆ ਅਧਿਕਾਰੀਆਂ ਨੇ ਪ੍ਰੋਗਰਾਮ ਵਿੱਚ ਹਿੱਸਾ ਲਿਆ। ਪੰਜਾਬ ਤੋਂ ਸੂਚਨਾ ਅਤੇ ਲੋਕ ਸੰਪਰਕ ਅਧਿਕਾਰੀ ਨਰਿੰਦਰ ਪਾਲ ਸਿੰਘ ਜਗਦੇਓ ਅਤੇ ਸਵੀਪ ਸਲਾਹਕਾਰ ਮਨਪ੍ਰੀਤ ਅਨੇਜਾ ਨੇ ਹਿੱਸਾ ਲਿਆ। ਇਸ ਮੌਕੇ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਮੀਡੀਆ ਅਧਿਕਾਰੀਆਂ ਨੂੰ ਵਧੇਰੇ ਸਰਗਰਮ ਅਤੇ ਅੱਪਡੇਟ ਰਹਿਣ ਲਈ ਪ੍ਰੇਰਿਤ ਕੀਤਾ।

ਪੰਜਾਬ ਵੱਲੋਂ ਵੋਟਰਾਂ ਤੱਕ ਪਹੁੰਚਣ ਲਈ ਕੀਤੀਆਂ ਗਈਆਂ ਵਿਲੱਖਣ ਪਹਿਲਕਦਮੀਆਂ ਬਾਰੇ ਜਾਣਕਾਰੀ ਦਿੱਤੀ ਗਈ। ਲੋਕ ਸਭਾ ਚੋਣਾਂ 2024 ਦੌਰਾਨ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਵੱਲੋਂ ਕੀਤੇ ਗਏ ਫੇਸਬੁੱਕ ਲਾਈਵ ਵਿੱਚ ਵੋਟਰਾਂ ਦੇ ਸਵਾਲਾਂ ਦੇ ਲਾਈਵ ਜਵਾਬ ਅਤੇ ਪੋਡਕਾਸਟ ਲੜੀ ਬਾਰੇ ਦੱਸਿਆ ਗਿਆ। ਇਸ ਤੋਂ ਇਲਾਵਾ, ਮੀਡੀਆ ਦੇ

ਵੱਖ-ਵੱਖ ਸਾਧਨਾਂ ਰਾਹੀਂ ਰੋਜ਼ਾਨਾ ਦਿੱਤੀ ਜਾਣ ਵਾਲੀ ਜਾਣਕਾਰੀ, ਗਿਆਨ ਅਤੇ ਗਤੀਵਿਧੀਆਂ ਬਾਰੇ ਵੀ ਦੱਸਿਆ ਗਿਆ।

---------------------------------------------------------------

ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਮੁਹਾਲੀ ਦੀ ਪਿੰਡ ਘੜੂੰਆਂ ਸਥਿਤ ਚੰਡੀਗੜ੍ਹ ਯੂਨੀਵਰਸਿਟੀ ਦੇ ਪਹਿਲੇ ਤਿੰਨ ਰੋਜ਼ਾ ਸੀਯੂ ਸਕਾਲਰਜ਼ ਸਮਿਟ-2025 ਦਾ ਉਦਘਾਟਨ ਕੀਤਾ । ਇਸ ਮੌਕੇ ਚੰਡੀਗੜ੍ਹ ਯੂਨੀਵਰਸਿਟੀ ਦੇ ਮੈਰਿਟ 'ਤੇ ਰਹੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। 6 ਜੂਨ ਤੋਂ 8 ਜੂਨ ਤੱਕ ਕਰਵਾਏ ਜਾ ਰਹੇ ਇਸ ਤਿੰਨ ਰੋਜ਼ਾ ਸਮਿਟ ਚ ਪਹਿਲੇ ਗੇੜ 'ਚ ਭਾਰਤ ਦੇ 20 ਸੂਬਿਆਂ ਦੇ 2516 ਵਿਦਿਆਰਥੀਆ ਨੇ ਸਕਾਲਰਸ਼ਿਪ ਹਾਸਲ ਕੀਤੀ ਏ ਆਪਣੇ ਸੰਬੋਧਨ 'ਚ ਰਾਜਪਾਲ ਨੇ ਯੂਨੀਵਰਸਿਟੀ ਵੱਲੋਂ ਉੱਚ ਸਿੱਖਿਆ ਨੂੰ ਸਾਰਿਆਂ ਤੱਕ ਪਹੁੰਚਯੋਗ ਬਣਾਉਣ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ। ਇਸ ਦੌਰਾਨ ਉਨ੍ਹਾਂ ਦੇ ਨਾਲ ਰਾਜ ਸਭਾ ਮੈਂਬਰ ਅਤੇ ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ ਸਤਨਾਮ ਸਿੰਘ ਸੰਧੂ ਅਤੇ ਹੋਰ ਪਤਵੰਤੇ ਵੀ ਮੌਜੂਦ ਰਹੇ।

-----------------------------------------------------

ਮਾਲੀਆ ਖੁਫੀਆ ਡਾਇਰੈਕਟੋਰੇਟ-DRI ਦੀ ਲੁਧਿਆਣਾ ਜ਼ੋਨਲ ਇਕਾਈ ਨੇ ਸਾਹਨੇਵਾਲ ਇਲਾਕੇ ਵਿੱਚ  ਇੱਕ ਲਾਵਾਰਿਸ ਕਾਰ ਵਿੱਚੋਂ 31 ਕਿਲੋਗ੍ਰਾਮ ਤੋਂ ਵੱਧ ਗਾਂਜਾ ਜ਼ਬਤ ਕੀਤਾ ਏ ।ਸੂਤਰਾਂ ਅਨੁਸਾਰ, ਡੀਆਰਆਈ ਨੂੰ ਸੂਚਨਾ ਮਿਲੀ ਕਿ ਇੱਕ ਕਾਰ ਵਿੱਚ ਨਸ਼ੀਲੇ ਪਦਾਰਥ ਲਿਜਾਏ ਜਾ ਰਹੇ ਹਨ। ਜਦੋਂ ਉਸਨੇ ਕਾਰ ਦੀ ਤਲਾਸ਼ੀ ਲਈ ਤਾਂ ਪਾਇਆ ਕਿ ਗੱਡੀ ਦੇ ਸਰੀਰ ਵਿੱਚ ਕਈ ਵਿਸ਼ੇਸ਼ ਖੋਖਲੇ ਬਣਾਏ ਗਏ ਸਨ ਜਿਸ ਵਿੱਚ ਗਾਂਜੇ ਦੇ 36 ਪੈਕੇਟ ਲੁਕਾਏ ਗਏ ਸਨ। ਨਸ਼ੀਲੇ ਪਦਾਰਥਾਂ ਦੀ ਤਸਕਰੀ ਲਈ ਵਰਤੀ ਗਈ ਕਾਰ ਨੂੰ ਜ਼ਬਤ ਕਰ ਲਿਆ ਗਿਆ ਹੈ। ਹੋਰ ਜਾਂਚ ਜਾਰੀ ਹੈ।

-----------------------------------------------------

ਵਜਰਾ ਕੋਰ ਦੇ ਜਨਰਲ ਅਫਸਰ ਕਮਾਂਡਿੰਗ ਲੈਫਟੀਨੈਂਟ ਜਨਰਲ ਅਜੈ ਚਾਂਦਪੁਰੀਆ ਨੇ ਆਪ੍ਰੇਸ਼ਨ ਸਿੰਦੂਰ ਦੀ ਮਹੱਤਵਪੂਰਨ ਸਫਲਤਾ ਨੂੰ ਉਜਾਗਰ ਕੀਤਾ । ਉਨ੍ਹਾਂ ਇਸ ਆਪ੍ਰੇਸ਼ਨ ਦੀ ਵਿਰੋਧੀ ਖੇਤਰ ਵਿੱਚ, ਭਾਰਤ ਦੀ ਸਟੀਕ ਸਟ੍ਰਾਈਕ ਸਮਰੱਥਾਵਾਂ ਦੇ ਇੱਕ ਸ਼ਕਤੀਸ਼ਾਲੀ

ਪ੍ਰਦਰਸ਼ਨ ਵਜੋਂ ਸ਼ਲਾਘਾ ਕੀਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਨੇ, ਦੇਸ਼ ਦੀ ਸਮਰੱਥਾ ,ਦ੍ਰਿੜਤਾ ਅਤੇ ਪੂਰੇ ਦੇਸ਼ ਦੇ ਦ੍ਰਿਸ਼ਟੀਕੋਣ ਤੋਂ ਪ੍ਰਾਪਤ ਤਾਕਤ ਦਾ ਪ੍ਰਦਰਸ਼ਨ ਕੀਤਾ ਏ। ਬੀਤੇ ਦਿਨ ਫਿਰੋਜ਼ਪੁਰ ਛਾਉਣੀ ਵਿਖੇ ਵੱਖ-ਵੱਖ ਵਿਦਿਅਕ ਸੰਸਥਾਵਾਂ ਦੇ ਵਿਦਿਆਰਥੀਆਂ, ਵਿਦਵਾਨਾਂ ਅਤੇ ਸਿਵਲ ਪਤਵੰਤਿਆਂ ਨਾਲ ਗੱਲਬਾਤ ਕਰਦੇ ਹੋਏ, ਜਨਰਲ ਚਾਂਦਪੁਰੀਆ ਨੇ ਚੇਤਾਵਨੀ ਦਿੱਤੀ ਕਿ 'ਆਪ੍ਰੇਸ਼ਨ ਸਿੰਦੂਰ' ਅਜੇ ਖਤਮ ਨਹੀਂ ਹੋਇਆ ਏ। ਉਨ੍ਹਾਂ ਨੇ ਨੌਜਵਾਨਾਂ ਨੂੰ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਰਹਿਣ ਅਤੇ ਰਾਸ਼ਟਰੀ ਹਿੱਤਾਂ ਦੀ ਰਾਖੀ ਵਿੱਚ ਸਰਗਰਮੀ ਨਾਲ ਯੋਗਦਾਨ ਪਾਉਣ ਦਾ ਸੱਦਾ ਦਿੱਤਾ। ਉਨ੍ਹਾਂ ਨੇ ਮੌਜੂਦਾ ਵਿਸ਼ਵ-ਵਿਆਪੀ ਦ੍ਰਿਸ਼ਟੀਕੋਣ ਦੌਰਾਨ ਸਿਵਲ-ਫੌਜੀ ਸਹਿਯੋਗ ਦੀ ਮਹੱਤਵਪੂਰਨ ਮਹੱਤਤਾ ਨੂੰ ਉਜਾਗਰ ਕੀਤਾ। ਉਨਾਂ ਦੁਸ਼ਮਣ ਤਾਕਤਾਂ ਨਾਲ ਚੱਲ ਰਹੀਆਂ ਗਲਤ ਜਾਣਕਾਰੀ ਮੁਹਿੰਮਾਂ ਵੱਲ ਵੀ ਧਿਆਨ ਦਵਾਇਆ , ਦੇਸ਼ ਦੀ ਨਿਰਣਾਇਕ ਲੀਡਰਸ਼ਿਪ ਅਤੇ ਅਜਿਹੀ ਚੁਣੌਤੀ ਪ੍ਰਤੀ ਦ੍ਰਿੜ ਪ੍ਰਤੀਕਿਰਿਆ ਦੀ ਸ਼ਲਾਘਾ ਕੀਤੀ।

----------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਜੰਮੂ-ਕਸ਼ਮੀਰ ਵਿੱਚ, ਊਧਮਪੁਰ-ਸ਼੍ਰੀਨਗਰ-ਬਾਰਾਮੂਲਾ ਰੇਲ ਸੰਪਰਕ ਦੇ ਹਿੱਸੇ ਵਜੋਂ, ਦੁਨੀਆ ਦੇ ਸਭ ਤੋਂ ਉੱਚੇ ਰੇਲਵੇ ਆਰਚ ਪੁਲ - ਚਨਾਬ ਪੁਲ ਦਾ ਕੀਤਾ ਉਦਘਾਟਨ।
- ਭਾਰਤੀ ਰਿਜ਼ਰਵ ਬੈਂਕ ਵਲੋਂ, ਰੈਪੋ ਰੇਟ ਵਿਚ ਕਮੀ ਕਰਨ ਨਾਲ, ਬੈਂਕਾਂ ਵਲੋਂ ਆਪਣੀਆਂ ਕਰਜ਼ ਦਰਾਂ ਘੱਟ ਕਰਨ ਦੀ ਉਮੀਦ।
- ਰਾਜ ਸਭਾ ਮੈਂਬਰ ਅਤੇ ਉੱਘੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਅੱਜ ਜਲੰਧਰ ਵਿਚ ਕਾਲਾ ਸੰਘਿਆ ਡਰੇਨ ਨੂੰ ਪ੍ਰਦੂਸ਼ਿਤ ਕਰਨ ਵਾਲਿਆਂ ਖਿਲਾਫ਼ ਸਖ਼ਤ ਕਾਰਵਾਈ ਕਰਨ ਦੇ ਦਿੱਤੇ ਨਿਰਦੇਸ਼ ।
- NEET-PG 2025 ਦੀਆਂ ਪ੍ਰੀਖਿਆਵਾਂ 3 ਅਗਸਤ ਨੂੰ ਇੱਕੋ ਸ਼ਿਫਟ ਵਿੱਚ ਹੋਣਗੀਆਂ।
- ਮਾਲੀਆ ਖੁਫੀਆ ਡਾਇਰੈਕਟੋਰੇਟ ਦੀ ਲੁਧਿਆਣਾ ਜ਼ੋਨਲ ਇਕਾਈ ਨੇ ਸਾਹਨੇਵਾਲ ਵਿਚ ਇੱਕ ਲਾਵਾਰਿਸ ਕਾਰ ਵਿੱਚੋਂ 31 ਕਿਲੋਗ੍ਰਾਮ ਤੋਂ ਵੱਧ ਗਾਂਜਾ ਕੀਤਾ ਜ਼ਬਤ ।

ਇਸਦੇ ਨਾਲ  ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟ ਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ  'ਤੇ  ਨਮ ਸਕਾਰ!